**ਬਸੰਤੁ ਹਿੰਡੋਲੁ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਮਾਤਾ ਜੂਠੀ ਪਿਤਾ ਭੀ ਜੂਠਾ ਜੂਠੇ ਹੀ ਫਲ ਲਾਗੇ ॥ ਆਵਹਿ ਜੂਠੇ ਜਾਹਿ ਭੀ ਜੂਠੇ ਜੂਠੇ ਮਰਹਿ ਅਭਾਗੇ ॥੧॥ ਕਹੁ ਪੰਡਿਤ ਸੂਚਾ ਕਵਨੁ ਠਾਉ ॥ ਜਹਾਂ ਬੈਸਿ ਹਉ ਭੋਜਨੁ ਖਾਉ ॥੧॥ ਰਹਾਉ ॥ ਜਿਹਬਾ ਜੂਠੀ ਬੋਲਤ ਜੂਠਾ ਕਰਨ ਨੇਤ੍ਰ ਸਭਿ ਜੂਠੇ ॥ ਇੰਦ੍ਰੀ ਕੀ ਜੂਠਿ ਉਤਰਸਿ ਨਾਹੀ ਬ੍ਰਹਮ ਅਗਨਿ ਕੇ ਲੂਠੇ ॥੨॥ ਅਗਨਿ ਭੀ ਜੂਠੀ ਪਾਨੀ ਜੂਠਾ ਜੂਠੀ ਬੈਸਿ ਪਕਾਇਆ ॥ ਜੂਠੀ ਕਰਛੀ ਪਰੋਸਨ ਲਾਗਾ ਜੂਠੇਹੀ ਬੈਠਿ ਖਾਇਆ ॥੩॥ ਗੋਬਰੁ ਜੂਠਾ ਚਉਕਾ ਜੂਠਾ ਜੂਠੀ ਦੀਨੀ ਕਾਰਾ ॥ ਕਹਿ ਕਬੀਰ ਤੇਈ ਨਰ ਸੂਚੇ ਸਾਚੀ ਪਰੀ ਬਿਚਾਰਾ ॥੪॥੧॥੭॥** {ਪੰਨਾ 1195}

ਪਦਅਰਥ:- ਜੂਠੀ—ਅਪਵਿੱਤਰ। ਫਲ ਲਾਗੇ—ਲੱਗੇ ਹੋਏ ਫਲ, ਬਾਲ-ਬੱਚੇ। ਆਵਹਿ—ਜੰਮਦੇ ਹਨ। ਜਾਹਿ—ਮਰ ਜਾਂਦੇ ਹਨ। ਅਭਾਗੇ—ਬਦ-ਨਸੀਬ। ਜੂਠੇ—ਅਪਵਿੱਤਰ ਹੀ।1।

ਪੰਡਿਤ—ਹੇ ਪੰਡਿਤ! ਕਵਨੁ ਠਾਉ—ਕਿਹੜਾ ਥਾਂ? ਬੈਸਿ—ਬੈਠ ਕੇ। ਹਉ—ਮੈਂ।1। ਰਹਾਉ।

ਜਿਹਬਾ—ਜੀਭ। ਬੋਲਤ—ਬਚਨ ਜੋ ਬੋਲੇ ਜਾਂਦੇ ਹਨ। ਕਰਨ—ਕੰਨ। ਸਭਿ—ਸਾਰੇ। ਜੂਠਿ—ਅਪਵਿੱਤ੍ਰਤਾ। ਲੂਠੇ—ਹੇ ਸੜੇ ਹੋਏ! ਅਗਨਿ ਕੇ ਲੂਠੇ—ਹੇ ਅੱਗ ਨਾਲ ਸੜੇ ਹੋਏ। ਬ੍ਰਹਮ ਅਗਨਿ—ਬ੍ਰਾਹਮਣ ਹੋਣ ਦੇ ਅਹੰਕਾਰ ਦੀ ਅੱਗ।2।

ਬੈਸਿ—ਬੈਠ ਕੇ। ਪਰੋਸਨ ਲਾਗਾ—(ਭੋਜਨ) ਵਰਤਾਉਣ ਲੱਗਾ, ਵੰਡਣ ਲੱਗਾ।3।

ਗੋਬਰ—ਗੋਹਾ (ਜਿਸ ਨਾਲ ਚੌਕੇ ਵਿਚ ਪੋਚਾ ਦਿੱਤਾ ਜਾਂਦਾ ਹੈ)। ਕਾਰਾ—ਚੌਕੇ ਦੀਆਂ ਬਾਹਰਲੀਆਂ ਲਕੀਰਾਂ। ਕਹਿ—ਕਹੇ, ਆਖਦਾ ਹੈ। ਤੇਈ—ਉਹੀ।4।

ਅਰਥ:- ਹੇ ਪੰਡਿਤ! ਦੱਸ, ਉਹ ਕਿਹੜਾ ਥਾਂ ਹੈ ਜੋ ਸੁੱਚਾ ਹੈ, ਜਿੱਥੇ ਬੈਠ ਕੇ ਮੈਂ ਰੋਟੀ ਖਾ ਸਕਾਂ (ਤਾਂ ਜੁ ਪੂਰੀ ਸੁੱਚ ਰਹਿ ਸਕੇ)?।1। ਰਹਾਉ।

ਮਾਂ ਅਪਵਿੱਤਰ, ਪਿਉ ਅਪਵਿੱਤਰ, ਇਹਨਾਂ ਤੋਂ ਜੰਮੇ ਹੋਏ ਬਾਲ-ਬੱਚੇ ਭੀ ਅਪਵਿੱਤਰ; (ਜਗਤ ਵਿਚ ਜੋ ਭੀ) ਜੰਮਦੇ ਹਨ ਉਹ ਅਪਵਿੱਤਰ, ਜੋ ਮਰਦੇ ਹਨ ਉਹ ਭੀ ਅਪਵਿੱਤਰ; ਬਦ-ਨਸੀਬ ਜੀਵ ਅਪਵਿੱਤਰ ਹੀ ਮਰ ਜਾਂਦੇ ਹਨ।1।

(ਮਨੁੱਖ ਦੀ) ਜੀਭ ਮੈਲੀ, ਬਚਨ ਭੀ ਮਾੜੇ, ਕੰਨ ਅੱਖਾਂ ਆਦਿਕ ਸਾਰੇ ਹੀ ਅਪਵਿੱਤਰ, (ਇਹਨਾਂ ਤੋਂ ਵਧੀਕ) ਕਾਮ-ਚੇਸ਼ਟਾ (ਐਸੀ ਹੈ ਜਿਸ) ਦੀ ਮੈਲ ਲਹਿੰਦੀ ਹੀ ਨਹੀਂ। ਹੇ ਬ੍ਰਾਹਮਣ-ਪੁਣੇ ਦੇ ਮਾਣ ਦੀ

ਅੱਗ ਦੇ ਸੜੇ ਹੋਏ! (ਦੱਸ, ਸੁੱਚੀ ਕਿਹੜੀ ਸ਼ੈ ਹੋਈ?)।2।

ਅੱਗ ਜੂਠੀ, ਪਾਣੀ ਜੂਠਾ, ਪਕਾਣ ਵਾਲੀ ਭੀ ਜੂਠੀ, ਕੜਛੀ ਜੂਠੀ ਜਿਸ ਨਾਲ (ਭਾਜੀ ਆਦਿਕ) ਵਰਤਾਉਂਦਾ ਹੈ, ਉਹ ਪ੍ਰਾਣੀ ਭੀ ਜੂਠਾ ਜਿਹੜਾ ਬਹਿ ਕੇ ਖਾਂਦਾ ਹੈ।3।

ਗੋਹਾ ਜੂਠਾ, ਚੌਕਾ ਜੂਠਾ, ਜੂਠੀਆਂ ਹੀ ਉਸ ਚੌਕੇ ਦੇ ਦੁਆਲੇ ਪਾਈਆਂ ਲਕੀਰਾਂ। ਕਬੀਰ ਆਖਦਾ ਹੈ—ਸਿਰਫ਼ ਉਹੀ ਮਨੁੱਖ ਸੁੱਚੇ ਹਨ ਜਿਨ੍ਹਾਂ ਨੂੰ ਪਰਮਾਤਮਾ ਦੀ ਸੂਝ ਆ ਗਈ ਹੈ।4।1।7।

ਸ਼ਬਦ ਦਾ ਭਾਵ:- ਤ੍ਰਿਗੁਣੀ ਮਾਇਆ ਦੇ ਅਸਰ ਹੇਠ ਪ੍ਰਭੂ ਨੂੰ ਵਿਸਾਰ ਕੇ ਜੀਵ ਅਪਵਿੱਤਰ ਬਣੇ ਰਹਿੰਦੇ ਹਨ, ਹਰ ਥਾਂ ਮਾਇਆ ਦਾ ਪ੍ਰਭਾਵ ਹੈ। ਲਕੀਰਾਂ ਕੱਢ ਕੇ ਚੌਕੇ ਬਣਾਇਆਂ ਪਵਿਤ੍ਰਤਾ ਨਹੀਂ ਬਣ ਸਕਦੀ। ਸਿਰਫ਼ ਉਹੀ ਬੰਦੇ ਸੁੱਚੇ ਹਨ ਜਿਨ੍ਹਾਂ ਨੂੰ ਪਰਮਾਤਮਾ ਦੀ ਸੂਝ ਪੈ ਜਾਂਦੀ ਹੈ।